28 Oct-RPR-5-8-New.qxd 10/29/2025 12:27 AM Page 2

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **29 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ ਅਤੇ 30 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਬਰਤੋੜ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **29 ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਦਵਿੰਦਰ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਗੁਰਸੇਵਕ ਸਿੰਘ** ਤੇ **30 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਜਬਰਤੋੜ ਸਿੰਘ ਤੇ ਭਾਈ ਗੁਰਜਿੰਦਰ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 29 ਅਕਤੂਬਰ ਨੂੰ ਗਿਆਨੀ ਰਣਜੀਤ ਸਿੰਘ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਅਤੇ 30 ਅਕਤੂਬਰ ਨੂੰ ਬਾਬਾ ਬੰਤਾ ਸਿੰਘ ਮੁੰਡਾਪਿੰਡ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਜੀਲੈਂਸ ਜਾਗਰੂਕਤਾ ਹਫ਼ਤੇ ਤਹਿਤ ਕਰਵਾਏ ਸਮਾਗਮ ਦੀ ਤਸਵੀਰ।

ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਵਿਖੇ ਵਿਜੀਲੈਂਸ ਜਾਗਰੂਕਤਾ ਹਫ਼ਤੇ ਤਹਿਤ ਪ੍ਰੋਗਰਾਮ ਕਰਵਾਇਆ

ਸ੍ਰੀ ਅਨੰਦਪੁਰ ਸਾਹਿਬ, 28 ਅਕਤੂਬਰ (ਕਰਨੈਲ ਸਿੰਘ)-ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਵਿਖੇ ਵਿਜੀਲੈਂਸ ਜਾਗਰੂਕਤਾ ਹਫ਼ਤੇ ਤਹਿਤ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ 'ਚ ਪਾਰਦਰਸ਼ਤਾ, ਇਮਾਨਦਾਰੀ ਦੀ ਭਾਵਨਾ ਪੈਦਾ ਕਰਨੀ ਅਤੇ ਭ੍ਰਿਸ਼ਟਾਚਾਰ ਵਿਰੋਧੀ ਕਦਰਾਂ ਕੀਮਤਾਂ ਦਾ ਪ੍ਰਚਾਰ ਕਰਨਾ ਸੀ। ਇਸ ਮੌਕੇ ਭ੍ਰਿਸ਼ਟਾਚਾਰ ਵਿਰੋਧੀ ਇਕਾਈ ਦੇ ਕੌਮੀ ਪ੍ਰਧਾਨ ਡਾ. ਰਣਜੋਤ ਸਿੰਘ ਮੁੱਖ ਵਕਤਾ ਵੱਜੋ ਵਿਦਿਆਰਥੀਆਂ ਦੇ ਰੂ-ਬਰੂ ਹੋਏ। ਉਨ੍ਹਾਂ ਵਿੱਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਜੀਵਨ 'ਚ ਇਮਾਨਦਾਰੀ ਅਤੇ ਜਾਗਰੂਕ ਰਹਿਣ ਦੇ ਮਹੱਤਵ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਅਤੇ ਭ੍ਰਿਸ਼ਟਾਚਾਰ ਰਹਿਤ ਸਮਾਜ ਦੇ ਨਿਰਮਾਣ 'ਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਦੇ ਜਿਓਗ੍ਰਫੀ ਵਿਭਾਗ ਦੇ ਪ੍ਰੋਫੈਸਰ ਜਸਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਵਿਜੀਲੈਂਸ ਦੀ ਸੋਹ ਖਵਾਈ ਗਈ ਤੇ ਕਾਲਜ ਦੇ ਵਿਦਿਆਰਥੀਆਂ ਤੇ ਸਟਾਫ ਵੱਲੋਂ ਨੈਤਿਕ ਕਦਰਾਂ ਕੀਮਤਾਂ ਦੀ ਪਾਲਣਾ ਦਾ ਸੰਕਲਪ ਲਿਆ ਗਿਆ। ਇਹ ਪ੍ਰੋਗਰਾਮ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ, ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਗੁਰਪ੍ਰੀਤ ਕੌਰ ਤੇ ਪੰਜਾਬੀ ਵਿਭਾਗ ਦੇ ਪ੍ਰੋਫੈਸਰ ਡਾ. ਮਨਪ੍ਰੀਤ ਕੌਰ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਪ੍ਰੋਗ੍ਰਾਮ ਦੇ ਅੰਤ 'ਚ ਡਾ. ਹਰਸਿਮਰਤ ਕੌਰ ਵਲੋਂ ਪ੍ਰੋਗ੍ਰਾਮ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਸਾਰਿਆ ਦਾ ਧੰਨਵਾਦ ਕੀਤਾ ਗਿਆ।

ਨੂਰਪੁਰ ਬੇਦੀ 'ਚ 'ਰੇਅਰ ਪੇਅਰ' ਆਊਟਲੈੱਟ ਦਾ ਵਿਧਾਇਕ ਚੱਢਾ ਨੇ ਕੀਤਾ ਉਦਘਾਟਨ

ਗੁੜ ਜੰਕਸ਼ਨ ਤੋਂ ਬਾਅਦ ਹੁਣ ਆਰਗੈਨਿਕ ਵਸਤਾਂ ਉਪਲਬਧ

ਨੂਰਪੁਰ ਬੇਦੀ, 28 ਅਕਤੂਬਰ (ਹਰਦੀਪ ਸਿੰਘ ਢੀਂਡਸਾ)-ਨੂਰਪੁਰ ਬੇਦੀ ਵਿਖੇ ਹੁਣ ਜੈਵਿਕ ਖੇਤੀ ਆਧਾਰਿਤ ਤਿਆਰ ਵਸਤਾਂ ਦਾ ਪਹਿਲਾ ਆਊਟਲੈਟ ਆਜ਼ਮਪੁਰ ਮਾਰਕੀਟ ਵਿਚ ਖੁੱਲ੍ਹ ਗਿਆ ਹੈ, ਜਿਸ ਦਾ ਉਦਘਾਟਨ ਹਲਕਾ ਵਿਧਾਇਕ ਐਡ. ਦਿਨੇਸ਼ ਚੱਢਾ ਵਲੋਂ ਕੀਤਾ ਗਿਆ। ਇਸ ਮੌਕੇ ਵਿਧਾਇਕ ਚੱਢਾ ਨੇ ਕਿਹਾ ਕਿ ਅੱਜ ਦੀ ਖੇਤੀ ਨੂੰ ਨਵੀ ਤਕਨਾਲੋਜੀ ਨਾਲ ਜੋੜ ਕੇ ਕਰਨ ਨਾਲ ਵਧੇਰੇ ਲਾਹੇਵੰਦ ਖੇਤੀ ਹੁੰਦੀ ਹੈ। ਬੜਵਾ ਦੇ ਕਰਮਜੀਤ ਸਿੰਘ ਸ਼ੇਰਗਿੱਲ ਦੇ ਹੋਣਹਾਰ ਸਪੁੱਤਰ ਰਣਬੀਰ ਸਿੰਘ ਰਾਣਾ ਨੇ ਆਪਣੀ ਪੜ੍ਹਾਈ ਦਾ ਸਹੀ ਲਾਭ ਉਠਾ ਕੇ ਆਪਣੇ ਪਿੰਡ ਵਿਚ ਖੇਤੀ ਆਧਾਰਿਤ ਉਦਯੋਗ ਲਗਾ ਕੇ ਨੌਜਵਾਨਾਂ ਨੂੰ ਨਵਾਂ ਰਾਹ ਦਿਖਾਇਆ ਗਿਆ ਹੈ। ਇਸ ਨੌਜਵਾਨ ਨੇ ਕੁਦਰਤੀ ਸਟੋਨ ਵਾਲੇ ਚੱਕੀ ਦੇ ਪੁੜ ਨਾਲ ਘਰਾਨਾਂ ਵਾਲਾ ਆਟਾ ਅਤੇ ਦੇਸੀ ਕੋਹਲੂ ਦੀ ਘਾਣੀ ਦਾ ਤੇਲ ਤਿਆਰ ਕਰਕੇ ਨਵਾਂ ਕੀਰਤੀਮਾਨ ਸਥਾਪਿਤ ਕੀਤਾ ਹੈ। ਇਹਨਾਂ ਵਲੋਂ ਜੈਵਿਕ ਖੇਤੀ ਰਾਹੀਂ ਨਵੇਂ ਉਤਪਾਦ ਤਿਆਰ ਕਰਕੇ ਲੋਕਾਂ ਲਈ ਆਪਣੇ ਆਊਟਲੈਟ 'ਤੇ ਲਿਆਂਦੇ ਹਨ। ਵਿਧਾਇਕ ਨੇ ਇਸ ਪਰਿਵਾਰ ਦੇ ਉੱਦਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਨਾਲ ਜਿਥੇ ਲੋਕਾਂ ਨੂੰ ਸ਼ੁੱਧ ਖੇਤੀ ਉਤਪਾਦ ਉਪਲਬਧ ਹੋਣਗੇ ਉੱਥੇ ਬਿਮਾਰੀਆਂ ਤੋਂ ਵੀ ਬਚਣਗੇ। ਇਸ ਮੌਕੇ ਮਾ.ਗੁਰਨੈਬ ਸਿੰਘ ਗਿੱਲ, ਸਰਪੰਚ ਅਵਤਾਰ ਸਿੰਘ ਕੂਨਰ ਬੜਵਾ, ਦੇਸ ਰਾਜ ਸੈਣੀ, ਸਰਪੰਚ ਹਰਦਿਆਲ ਸਿੰਘ, ਚੌ. ਹੁਸਨ ਲਾਲ ਚੌਹਾਨ ਅਤੇ ਪ੍ਰਿੰ.ਹਰਦੀਪ ਸਿੰਘ ਨੇ ਵੀ ਜੈਵਿਕ ਖੇਤੀ ਉਤਪਾਦਾਂ ਦੀ ਵਰਤੋਂ ਤੇ ਜ਼ੋਰ ਦਿੰਦਿਆਂ ਕਿਹਾ ਕਿ ਅੱਜ ਸਮਾਜ ਵਿਚ ਖੇਤੀ ਵਿਚ ਅੰਨ੍ਹੇਵਾਹ ਖਾਦਾਂ ਅਤੇ ਕੀਟਨਾਸ਼ਕਾਂ ਤੇ ਨਦੀਨਨਾਸ਼ਕਾਂ ਦੀ ਵਰਤੋਂ ਨਾਲ ਕੈਂਸਰ ਵਰਗੀਆਂ ਨਾਮੁਰਾਦ ਬਿਮਾਰੀਆਂ ਫੈਲ ਗਈਆਂ ਹਨ, ਜਿਸ ਕਰਕੇ ਅੱਜ ਜੈਵਿਕ ਖੇਤੀ 'ਤੇ ਆਧਾਰਿਤ ਉਤਪਾਦਾਂ ਦੀ ਸਖ਼ਤ ਲੋੜ ਹੈ। ਕਰਮਜੀਤ ਸਿੰਘ ਸ਼ੇਰਗਿੱਲ ਵਲੋਂ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਡਾ. ਗੁਰਨੈਬ ਸਿੰਘ ਘੁਮਾਣ, ਸੂਬੇਦਾਰ ਸੁਰਿੰਦਰ ਸਿੰਘ ਕੰਗ, ਮਾ.ਭੁਪਿੰਦਰ ਸਿੰਘ ਜੇਤੇਵਾਲ, ਅਜੀਤ ਸਿੰਘ ਆਜ਼ਮਪੁਰ, ਕਰਨੈਲ ਸਿੰਘ ਆਜ਼ਮਪੁਰ ਤੇ ਹੋਰ ਹਾਜ਼ਰ ਸਨ।

ਜੈਵਿਕ ਖੇਤੀ ਆਧਾਰਿਤ ਵਸਤਾਂ ਬਾਰੇ 'ਰੇਅਰ ਪੇਅਰ' ਆਊਟਲੈੱਟ 'ਤੇ ਜਾਣਕਾਰੀ ਹਾਸਿਲ ਕਰਦੇ ਵਿਧਾਇਕ ਦਿਨੇਸ਼ ਚੱਢਾ। *ਤਸਵੀਰ: ਹਰਦੀਪ ਸਿੰਘ ਢੀਂਡਸਾ।*

ਮੁਫ਼ਤ ਮੈਡੀਕਲ ਕੈਂਪ 1 ਨੂੰ

ਨੂਰਪੁਰ ਬੇਦੀ, 28 ਅਕਤੂਬਰ (ਰਾਜੇਸ਼ ਚੌਧਰੀ ਤਖ਼ਤਗੜ੍ਹ)-ਸੰਸਥਾ ਹੈਲਪੇਜ ਇੰਡੀਆ ਵਲੋਂ 1 ਨਵੰਬਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਪੀ.ਐੱਚ.ਸੀ. ਮੁਹੱਲਾ ਕਲੀਨਿਕ, ਅਬਿਆਣਾ ਕਲਾਂ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੁਹੱਲਾ ਕਲੀਨਿਕ ਦੇ ਇੰਚਾਰਜ਼ ਮੈਡੀਕਲ ਅਫ਼ਸਰ ਡਾ: ਜੋਤ ਵੰਸ਼ ਸਿੰਘ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਜ਼ਰੂਰਤਮੰਦ ਮਰੀਜ਼ਾਂ ਨੂੰ ਮੁਫ਼ਤ ਵਹੀਲ ਚੇਅਰਾਂ, ਵਾਕਰ ਅਤੇ ਛੜੀਆਂ ਵੰਡੀਆਂ ਜਾਣਗੀਆਂ ਤੇ ਨਾਲ ਹੀ ਮੋਤੀਆਬਿੰਦ (ਚਿੱਟਾ ਮੋਤੀਆ) ਦੇ ਮੁਫ਼ਤ ਆਪਰੇਸ਼ਨ ਲਈ ਵੀ ਮਰੀਜ਼ਾਂ ਦੀ ਚੋਣ ਕੀਤੀ ਜਾਵੇਗੀ। ਇਸ ਮੌਕੇ ਅੱਖਾਂ ਦੇ ਮਾਹਿਰ ਡਾਕਟਰਾਂ ਵਲੋਂ ਮਰੀਜ਼ਾਂ ਲਈ ਮੁਫ਼ਤ ਚਸ਼ਮੇ ਵੀ ਉਪਲਬਧ ਕਰਵਾਏ ਜਾਣਗੇ। ਲੈਬ ਟੈਸਟਾਂ ਦੀ ਸਹੂਲਤ ਵੀ ਇਸ ਕੈਂਪ ਵਿਚ ਦਿੱਤੀ ਜਾਵੇਗੀ ਅਤੇ ਰਿਪੋਰਟਾਂ ਮਰੀਜ਼ਾਂ ਨੂੰ ਦੋ ਘੰਟਿਆਂ ਵਿਚ ਦੇ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ ਥਾਇਰਾਇਡ ਦੀਆਂ ਦਵਾਈਆਂ 100 ਦਿਨਾਂ ਲਈ ਦਿੱਤੀਆਂ ਜਾਣਗੀਆਂ। ਕਬਜ਼ ਦੀ ਦਵਾ ਹਰ ਮਰੀਜ਼ ਨੂੰ ਮੁਫ਼ਤ ਵੰਡਣ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਤੋਂ ਇਲਾਵਾ 50 ਤੋਂ 100 ਕਿਸਮਾਂ ਦੀਆਂ ਦਵਾਈਆਂ ਮਰੀਜ਼ਾਂ ਨੂੰ ਬਿਲਕੁਲ ਮੁਫ਼ਤ ਦਿੱਤੀਆਂ ਜਾਣਗੀਆਂ।

ਮੋਰਿੰਡਾ ਵਿਖੇ ਛੱਠ ਪੂਜਾ ਸਮਾਗਮ ਦੌਰਾਨ ਭਾਜਪਾ ਪੰਜਾਬ ਦੇ ਉਪ ਪ੍ਰਧਾਨ ਸੁਭਾਸ਼ ਸ਼ਰਮਾ ਪ੍ਰਬੰਧਕਾਂ ਨਾਲ।

ਸੁਭਾਸ਼ ਸ਼ਰਮਾ ਨੇ ਮੋਰਿੰਡਾ ਵਿਖੇ ਛੱਠ ਪੂਜਾ ਸਮਾਗਮਾਂ 'ਚ ਕੀਤੀ ਸ਼ਿਰਕਤ

ਮੋਰਿੰਡਾ, 28 ਅਕਤੂਬਰ (ਪ੍ਰਿਤਪਾਲ ਸਿੰਘ)-ਪੰਜਾਬ ਭਾਜਪਾ ਦੇ ਉਪ ਪ੍ਰਧਾਨ ਸੁਭਾਸ਼ ਸ਼ਰਮਾ ਨੇ ਮੋਰਿੰਡਾ ਵਿਖੇ ਛੱਠ ਪੂਜਾ ਉਤਸਵ ਮੌਕੇ ਕਰਵਾਏ ਸਮਾਗਮਾਂ ਵਿਚ ਹਾਜ਼ਰੀ ਭਰੀ ਅਤੇ ਸ਼ਰਧਾਲੂਆਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਉਨ੍ਹਾਂ ਦੇ ਨਾਲ ਮੋਰਿੰਡਾ ਭਾਜਪਾ ਮੰਡਲ ਪ੍ਰਧਾਨ ਰਾਜੇਸ਼ ਭਾਟੀਆ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਮੌਜੂਦ ਸਨ। ਸੁਭਾਸ਼ ਸ਼ਰਮਾ ਨੇ ਪਹਿਲਾਂ ਰਾਮ-ਲੀਲ੍ਹਾ ਗਰਾਊਂਡ ਮੋਰਿੰਡਾ ਤੇ ਫਿਰ ਸੀਤਲਾ ਮਾਤਾ ਮੰਦਿਰ ਵਿਖੇ ਪਹੁੰਚ ਕੇ ਛਠ ਪੂਜਾ ਮਨਾ ਰਹੇ ਸ਼ਰਧਾਲੂਆਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਛਠੀ ਮਾਇਆ ਦੀ ਪੂਜਾ ਵਿਚ ਹਿੱਸਾ ਲਿਆ ਤੇ ਸਮੂਹ ਇਲਾਕਾ ਨਿਵਾਸੀਆਂ ਨੂੰ ਇਸ ਪਵਿੱਤਰ ਤਿਉਹਾਰ ਦੀ ਵਧਾਈ ਦਿੱਤੀ। ਇਸ ਮੌਕੇ 'ਤੇ ਸ਼ਰਮਾ ਨੇ ਕਿਹਾ ਕਿ ਛੱਠ ਪੂਜਾ ਦਾ ਤਿਉਹਾਰ ਸੂਰਜ ਦੇਵਤਾ ਪ੍ਰਤੀ ਅਟੁੱਟ ਸ਼ਰਧਾ ਅਤੇ ਵਿਸ਼ਵਾਸ ਦਾ ਪ੍ਰਤੀਕ ਹੈ, ਜੋ ਕਿ ਸਮੁੱਚੀ ਮਨੁੱਖਤਾ ਨੂੰ ਊਰਜਾ ਅਤੇ ਜੀਵਨ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਸਾਰੇ ਭਾਈ ਚਾਰਿਆਂ ਦੇ ਲੋਕ ਮਿਲ-ਜੁਲ ਕੇ ਸਾਰੇ ਤਿਉਹਾਰ ਮਨਾਉਂਦੇ ਹਨ, ਜੋ ਕਿ ਸੂਬੇ ਦੀ ਸਾਂਝੀਵਾਲਤਾ ਅਤੇ ਭਾਈਚਾਰਕ ਸਾਂਝ ਨੂੰ ਦਰਸਾਉਂਦਾ ਹੈ। ਮੰਡਲ ਪ੍ਰਧਾਨ ਰਾਜੇਸ਼ ਭਾਟੀਆ ਨੇ ਪ੍ਰਬੰਧਕਾ ਤੇ ਆਗੂਆਂ ਦਾ ਧੰਨਵਾਦ ਕੀਤਾ ਤੇ ਸ਼ਰਧਾਲੂਆਂ ਨੂੰ ਛੱਠ ਪੂਜਾ ਦੀਆਂ ਵਧਾਈਆਂ ਦਿੱਤਿਆਂ। ਇਸ ਮੌਕੇ ਮਹਿਲਾ ਮੋਰਚਾ ਜ਼ਿਲ੍ਹਾ ਰੂਪਨਗਰ ਦੇ ਪ੍ਰਧਾਨ ਮੋਨਿਕਾ ਕੱਕੜ, ਮੈਡਮ ਗੁਰਪ੍ਰੀਤ ਚੁਗ, ਰਜਨੀਸ਼ ਖੰਨਾ, ਜਰਨੈਲ ਸਿੰਘ, ਅਮਿਤ ਕੁਮਾਰ ,ਰਾਜਨ ਮਿਸ਼ਰਾ, ਰੰਮੀ ਕੱਕੜ, ਵਿਨੋਦ ਤਿਵਾਰੀ, ਪਾਠਕ, ਆਦਿ ਹਾਜ਼ਰ ਸਨ।

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਪ੍ਰਭਾਤ ਫੇਰੀਆਂ ਜਾਰੀ

ਸੁਖਸਾਲ, 28 ਅਕਤੂਬਰ (ਧਰਮ ਪਾਲ)-ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀ ਛਤਰ ਛਾਇਆ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਦੇ ਵਿਸ਼ੇਸ਼ ਉਪਰਾਲੇ ਸਦਕਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਰੋਜ਼ਾਨਾ ਪਿੰਡਾਂ ਵਿਚ ਲੈ ਜਾਈ ਜਾਂਦੀ ਪ੍ਰਭਾਤ ਫੇਰੀ ਪ੍ਰਤੀ ਇਲਾਕੇ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ, ਅੱਜ ਸਵੇਰ ਦੀ ਪ੍ਰਭਾਤ ਫੇਰੀ ਪਿੰਡ ਐਲਗਰਾਂ, ਬੇਲਾ ਪੱਤੀ ਜੀਵਨ ਸਿੰਘ, ਹਰਸਾ ਬੇਲਾ ਪੱਤੀ ਦੁਲੱਚੀ, ਸੈਸੋਵਾਲ ਵਿਖੇ ਪੁੱਜੀ ਜਿੱਥੇ ਸੰਗਤਾਂ ਨੇ ਸ੍ਰੀ ਗੁਰੂ ਤੇਗ਼ ਬਹਾਦੁਰ ਸਾਹਿਬ ਜੀ ਦੀ ਬਾਣੀ ਦਾ ਉਚਾਰਨ ਕੀਤਾ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਭਾਈ ਅਮਰਜੀਤ ਸਿੰਘ ਚਾਵਲਾ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦਾ 350 ਸਾਲਾਂ ਸ਼ਹੀਦੀ ਦਿਹਾੜੇ ਦੀ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਗੁ: ਸੀਸ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਡੇ ਸਮਾਗਮ ਕਰਵਾਏ ਜਾ ਰਹੇ ਹਨ, ਜੋ 21 ਨਵੰਬਰ ਤੋਂ 29 ਨਵੰਬਰ ਤੱਕ ਹੋਣਗੇ, ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਦੌਰਾਨ ਪੰਥ ਦੇ ਮਹਾਨ ਕੀਰਤਨੀਏ, ਢਾਡੀ, ਪੰਥ ਪ੍ਰਚਾਰਕ ਤੇ ਕਥਾਵਾਚਕ ਹਾਜ਼ਰੀਆਂ ਭਰਨਗੇ। ਉਨਾਂ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਉਸ ਸਮੇਂ ਦੇ ਮੁਗ਼ਲੀਆ ਹਾਕਮ ਔਰੰਗਜ਼ੇਬ ਦੇ ਉਹ ਫ਼ਰਮਾਨ ਯਾਦ ਆਉਂਦੇ ਹਨ। ਜਦ ਉਸ ਨੇ ਇਸ ਦੇਸ਼ ਵਿਚੋਂ ਮੁਸਲਮਾਨੀ ਮੱਤ ਤੋ ਇਲਾਵਾ ਬਾਕੀ ਸਾਰੇ ਧਾਰਮਿਕ ਅਸਥਾਨਾਂ ਤੇ ਮੰਦਿਰਾ ਨੂੰ ਤੋੜਨ ਦੇ ਫ਼ਰਮਾਨ ਜਾਰੀ ਕੀਤੇ ਸਨ, ਪਰ ਸਾਹਿਬ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਆਪਣੀ ਸ਼ਹਾਦਤ ਦੇ ਕੇ ਇਨ੍ਹਾਂ ਮੰਦਰਾਂ ਤੇ ਹੋਰ ਧਾਰਮਿਕ ਸਥਾਨਾਂ ਤੇ ਹਰ ਮਨੁੱਖ ਦੀ ਧਰਮ ਦੀ ਆਜ਼ਾਦੀ ਨੂੰ ਕਾਇਮ ਰੱਖਿਆ। ਉਨਾਂ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਗੁਰੂ ਸਾਹਿਬ ਵਲੋਂ ਦਿੱਤੀ ਗਈ ਲਾਸਾਨੀ ਸ਼ਹਾਦਤ ਦੀ ਦਾਸਤਾਨ ਦੇ ਇਤਿਹਾਸ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਇਨ੍ਹਾਂ ਪ੍ਰਭਾਤ-ਫੇਰੀ ਦਾ ਆਯੋਜਨ ਕੀਤਾ ਗਿਆ ਹੈ, ਤਾਂ ਜੋ ਸੰਗਤਾਂ ਜਿੱਥੇ ਗੁਰੂ ਸਾਹਿਬ ਦੀ ਬਾਣੀ ਦਾ ਉਚਾਰਨ ਕਰ ਸਕਣ ਉੱਥੇ ਹੀ ਉਨ੍ਹਾਂ ਦੇ ਵਡਮੁੱਲੇ ਇਤਿਹਾਸ ਬਾਰੇ ਵੀ ਜਾਣ ਸਕਣ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜੋਗਿੰਦਰ